ਮਾਝ ਮਹਲਾ ੪ ॥ ਆਵਹੁ ਭੈਣੇ ਤੁਸੀ ਮਿਲਹੁ ਪਿਆਰੀਆ ॥ ਜੋ ਮੇਰਾ ਪ੍ਰੀਤਮੁ ਦਸੇ ਤਿਸ ਕੈ ਹਉ ਵਾਰੀਆ ॥ ਮਿਲਿ ਸਤਸੰਗਤਿ ਲਧਾ ਹਰਿ ਸਜਣੁ ਹਉ ਸਤਿਗੁਰ ਵਿਟਹੁ ਘੁਮਾਈਆ ਜੀਉ ॥ ੧॥ ਜਹ ਜਹ ਦੇਖਾ ਤਹ ਤਹ ਸੁਆਮੀ ॥ ਤੂ ਘਟਿ ਘਟਿ ਰਵਿਆ ਅੰਤਰਜਾਮੀ ॥ ਗੁਰਿ ਪੂਰੈ ਹਰਿ ਨਾਲਿ ਦਿਖਾਲਿਆ ਹਉ ਸਤਿਗੁਰ ਵਿਟਹੁ ਸਦ ਵਾ ਰਿਆ ਜੀਉ ॥੨॥ ਏਕੋ ਪਵਣੁ ਮਾਟੀ ਸਭ ਏਕਾ ਸਭ ਏਕਾ ਜੋਤਿ ਸਬਾਈਆ ॥ ਸਭ ਇਕਾ ਜੋਤਿ ਵਰਤੈ ਭਿਨਿ ਭਿਨਿ ਨ ਰਲਈ ਕਿਸੈ ਦੀ ਰਲਾਈਆ ॥ ਗੁਰ ਪਰਸਾਦੀ ਇਕੁ ਨਦਰੀ ਆਇਆ ਹਉ ਸਤਿਗੁਰ ਵਿਟਹੁ ਵਤਾਇਆ ਜੀਉ ॥੩॥ ਜਨੁ ਨਾਨਕੁ ਬੋਲੈ ਅੰਮ੍ਰਿਤ ਬਾਣੀ ॥ ਗੁਰਸਿਖਾਂ ਕੈ ਮਨਿ ਪਿਆਰੀ ਭਾਣੀ ॥ ਉਪਦੇਸੁ ਕਰੇ ਗੁਰੁ ਸਤਿਗੁਰੁ ਪੂਰਾ ਗੁਰੁ ਸਤਿਗੁਰੁ ਪਰਉਪਕਾਰੀਆ ਜੀਉ ॥੪॥੭॥ ਸਤ ਚਉਪਦੇ ਮਹਲੇ ਚਉਥੇ ਕੇ ॥ {ਪੰਨਾ 96}

ਪਦਅਰਥ:- ਭੈਣੇ ਪਿਆਰੀਆ—ਹੇ ਪਿਆਰੀ ਭੈਣੋ! ਹੇ ਸਤਸੰਗਿਓ! ਤਿਸ ਕੈ—ਉਸ ਤੋਂ। ਹਉ—ਮੈਂ। ਵਾਰੀਆ—ਸਦਕੇ ਹਾਂ। ਮਿਲਿ—ਮਿਲ ਕੇ। ਵਿਟਹੁ—ਤੋਂ। ਘੁਮਾਈਆ—ਕੁਰਬਾਨ ਹਾਂ {ਇਸਤ੍ਰੀ-ਲਿੰਗ}।1।

ਜਹ ਜਹ—ਜਿਥੇ ਜਿਥੇ। ਤਹ ਤਹ—ਉਥੇ ਉਥੇ। ਦੇਖਾ—ਦੇਖਾਂ, ਮੈਂ ਦੇਖਦਾ ਹਾਂ। ਸੁਆਮੀ—ਹੇ ਸੁਆਮੀ! ਘਟਿ ਘਟਿ—ਹਰੇਕ ਘਟ ਵਿਚ। ਅੰਤਰਜਾਮੀ—ਹੇ ਅੰਤਰਜਾਮੀ! ਹੇ ਸਭ ਦੇ ਦਿਲ ਦੀ ਜਾਣਨ ਵਾਲੇ! ਗੁਰਿ ਪੂਰੈ—ਪੂਰੇ ਗੁਰੂ ਨੇ। ਸਦ—ਸਦਾ। ਵਾਰਿਆ—ਕੁਰਬਾਨ {ਪੁਲਿੰਗ}।2।

ਪਵਣੁ—ਹਵਾ, ਸੁਆਸ। ਮਾਟੀ—ਮਿੱਟੀ ਤੱਤ, ਸਰੀਰ। ਸਬਾਈਆ—ਸਾਰੀ। ਵਰਤੈ—ਮੌਜੂਦ ਹੈ। ਭਿਨਿ ਭਿਨਿ—ਵੱਖ ਵੱਖ ਸਰੀਰ ਵਿਚ। ਨ ਰਲਈ—ਨ ਰਲੈ, ਮਿਲਦੀ ਨਹੀਂ। ਇਕੁ—ਇੱਕ ਪਰਮਾਤਮਾ। ਵਤਾਇਆ—ਕੁਰਬਾਨ {ਪੁਲਿੰਗ}।3।

ਜਨੁ—ਦਾਸ {ਇਕ-ਵਚਨ}। ਨਾਨਕੁ ਬੋਲੈ—ਨਾਨਕ ਬੋਲਦਾ ਹੈ। {ਨੋਟ:- ਲ਼ਫ਼ਜ਼ 'ਨਾਨਕ' ਅਤੇ 'ਨਾਨਕੁ' ਦਾ ਫ਼ਰਕ ਚੇਤੇ ਰੱਖਣ-ਜੋਗ ਹੈ}। ਅੰਮ੍ਰਿਤ—ਆਤਮਕ ਜੀਵਨ ਦੇਣ ਵਾਲੀ, ਆਤਮਕ ਮੌਤ ਤੋਂ ਬਚਾਣ ਵਾਲੀ। ਕੈ ਮਨਿ—ਦੇ ਮਨ ਵਿਚ। ਭਾਣੀ—ਪਸੰਦ ਹੈ। ਪਰਉਪਕਾਰੀ—ਹੋਰਨਾਂ ਦਾ ਭਲਾ ਕਰਨ ਵਾਲਾ।4।

ਅਰਥ:- ਹੇ ਪਿਆਰੀ ਭੈਣੋ! (ਹੇ ਸਤਸੰਗੀਹੋ!) ਤੁਸੀ ਆਵੋ ਤੇ ਰਲ ਕੇ ਬੈਠੋ। ਜੇਹੜੀ ਭੈਣ ਮੈਨੂੰ ਮੇਰੇ ਪ੍ਰੀਤਮ ਦੀ ਦੱਸ ਪਾਇਗੀ, ਮੈਂ ਉਸ ਤੋਂ ਸਦਕੇ ਜਾਵਾਂਗੀ। ਸਾਧ ਸੰਗਤਿ ਵਿਚ ਮਿਲ ਕੇ (ਗੁਰੂ ਦੀ ਰਾਹੀਂ) ਮੈਂ ਸੱਜਣ ਪ੍ਰਭੂ ਲੱਭਾ ਹੈ, ਮੈਂ ਗੁਰੂ ਤੋਂ ਕੁਰਬਾਨ ਜਾਂਦੀ ਹਾਂ।1।

ਹੇ ਸੁਆਮੀ! ਮੈਂ ਜਿਧਰ ਜਿਧਰ ਵੇਖਦਾ ਹਾਂ ਉਧਰ ਉਧਰ ਹੀ ਤੂੰ ਹੈਂ। ਹੇ ਅੰਤਰਜਾਮੀ! ਤੂੰ ਹਰੇਕ ਸਰੀਰ ਵਿਚ ਵਿਆਪਕ ਹੈਂ। ਮੈਂ ਪੂਰੇ ਗੁਰੂ ਤੋਂ ਸਦਾ ਕੁਰਬਾਨ ਜਾਂਦਾ ਹਾਂ, ਪੂਰੇ ਗੁਰੂ ਨੇ ਮੈਨੂੰ ਪਰਮਾਤਮਾ ਮੇਰੇ ਨਾਲ ਵੱਸਦਾ ਵਿਖਾ ਦਿੱਤਾ ਹੈ।1।

(ਹੇ ਭਾਈ!) (ਸਾਰੇ ਸਰੀਰਾਂ ਵਿਚ) ਇਕੋ ਹੀ ਹਵਾ (ਸੁਆਸ) ਹੈ, ਮਿੱਟੀ ਤੱਤ ਭੀ ਸਾਰੇ ਸਰੀਰਾਂ ਦਾ ਇਕੋ ਹੀ ਹੈ ਤੇ ਸਾਰੇ ਸਰੀਰਾਂ ਵਿਚ ਇਕੋ ਹੀ ਰੱਬੀ ਜੋਤਿ ਮੌਜੂਦ ਹੈ। ਸਭਨਾਂ ਵਿਚ ਇਕੋ ਹੀ ਜੋਤਿ ਕੰਮ ਕਰ ਰਹੀ ਹੈ। ਵਖ ਵਖ (ਦਿੱਸਦੇ) ਹਰੇਕ ਸਰੀਰ ਵਿਚ ਇਕੋ ਜੋਤਿ ਹੈ, ਪਰ (ਮਾਇਆ ਵੇੜ੍ਹੇ ਜੀਵਾਂ ਨੂੰ) ਕਿਸੇ ਦੀ ਜੋਤਿ ਦੂਜੇ ਦੀ ਜੋਤਿ ਨਾਲ ਰਲਾਇਆਂ ਰਲਦੀ ਨਹੀਂ ਦਿੱਸਦੀ (ਜੋਤਿ ਸਾਂਝੀ ਨਹੀਂ ਜਾਪਦੀ)। ਗੁਰੂ ਦੀ ਕਿਰਪਾ ਨਾਲ ਮੈਨੂੰ ਹਰੇਕ ਵਿਚ ਇਕ ਪਰਮਾਤਮਾ ਹੀ ਦਿੱਸ ਪਿਆ ਹੈ। ਮੈਂ ਗੁਰੂ ਤੋਂ ਕੁਰਬਾਨ ਹਾਂ।3।

ਦਾਸ ਨਾਨਕ ਆਤਮਕ ਜੀਵਨ ਦੇਣ ਵਾਲੀ ਗੁਰੂ ਦੀ ਬਾਣੀ (ਸਦਾ) ਉਚਾਰਦਾ ਹੈ। ਗੁਰੂ ਦੇ ਸਿੱਖਾਂ ਦੇ ਮਨ ਵਿਚ ਇਹ ਬਾਣੀ ਪਿਆਰੀ ਲੱਗਦੀ ਹੈ ਮਿੱਠੀ ਲੱਗਦੀ ਹੈ। ਪੂਰਾ ਗੁਰੂ ਪੂਰਾ ਸਤਿਗੁਰੂ (ਇਹੀ) ਉਸਦੇਸ਼ ਕਰਦਾ ਹੈ (ਕਿ

ਸਭ ਜੀਵਾਂ ਵਿਚ ਇਕੋ ਪਰਮਾਤਮਾ ਦੀ ਜੋਤਿ ਹੀ ਵਰਤ ਰਹੀ ਹੈ)। ਪੂਰਾ ਗੁਰੂ ਹੋਰਨਾਂ ਦਾ ਭਲਾ ਕਰਨ ਵਾਲਾ ਹੈ।4।7।